ਜ਼ਿਲ੍ਹੇ ਦੀਆਂ ਗ੍ਰਾਮ ਪੰਚਾਇਤਾਂ ਦੀ ਕਰਵਾਈ ਜਾ ਰਹੀ ਵਾਰਡਬੰਦੀ – ਡਿਪਟੀ ਕਮਿਸ਼ਨਰ
18 ਅਕਤੂਬਰ ਤੱਕ ਲਏ ਜਾਣਗੇ ਲਿਖਤੀ ਸੁਝਾਅ ਜਾਂ ਇਤਰਾਜ

ਤਰਨਤਾਰਨ, 26 ਸਤੰਬਰ :
ਡਾਇਰੈਕਟਰ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਦਿਸ਼ਾ-ਨਿਰਦੇਸ਼ਾ ਅਨੁਸਾਰ ਜ਼ਿਲ੍ਹੇ ਦੀਆਂ ਗ੍ਰਾਮ ਪੰਚਾਇਤਾਂ ਦੀ ਵਾਰਡਬੰਦੀ ਕਰਵਾਈ ਜਾ ਰਹੀ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਦੱਸਿਆ ਕਿ ਵਾਰਡਬੰਦੀ ਦਾ ਕੰਮ 27 ਸਤੰਬਰ ਤੋਂ ਸ਼ੁਰੂ ਕੀਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਨਵੀਂ ਵਾਰਡਬੰਦੀ ਸਬੰਧੀ ਲਿਸਟ 27 ਸਤੰਬਰ ਨੂੰ ਵੱਖ-ਵੱਖ ਪਿੰਡਾਂ ਵਿੱਚ ਜਨਤਕ ਥਾਵਾਂ 'ਤੇ ਲਗਾਈ ਜਾਵੇਗੀ। ਇਸ ਸਬੰਧੀ 21 ਦਿਨਾਂ ਦੇ ਅੰਦਰ-ਅੰਦਰ 18 ਅਕਤੂਬਰ ਤੱਕ ਲਿਖਤੀ ਸੁਝਾਅ ਜਾਂ ਇਤਰਾਜ ਲਏ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਜੇਕਰ ਕੋਈ ਇਤਰਾਜ ਜਾਂ ਸੁਝਾਅ ਪ੍ਰਾਪਤ ਹੁੰਦਾ ਹੈ ਤਾਂ ਇਸ ਸਬੰਧੀ 30 ਦਿਨਾਂ ਦੇ ਅੰਦਰ-ਅੰਦਰ 19 ਅਕਤੂਬਰ ਤੋਂ 17 ਨਵੰਬਰ ਤੱਕ ਸੰਖੇਪ ਇੰਨਕੁਆਰੀ ਕਰਕੇ ਸੁਝਾਅ ਅਤੇ ਇਤਰਾਜ ਬਾਰੇ ਫ਼ੈਸਲਾ ਕੀਤਾ ਜਾਵੇਗਾ।
ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵਾਰਡਾਂ ਦੇ ਅੰਤਿਮ ਫ਼ੈਸਲੇ ਪਿੱਛੋਂ 90 ਦਿਨਾਂ ਦੇ ਅੰਦਰ-ਅੰਦਰ ਬਣਾਏ ਗਏ ਵਾਰਡਾਂ ਦੀ ਅੰਤਿਮ ਲਿਸਟ ਸਰਕਾਰੀ ਗਜਟ ਵਿੱਚ ਪ੍ਰਕਾਸ਼ਿਤ ਕੀਤੀ ਜਾਵੇਗੀ ਤੇ 31 ਜਨਵਰੀ 2018 ਤੱਕ ਵਾਰਡਬੰਦੀ ਦੀ ਫਾਈਨਲ ਅਧਿ-ਸੂਚਨਾ ਪ੍ਰਕਾਸ਼ਿਤ ਕੀਤੀ ਜਾਵੇਗੀ।
---------------------